ਸ.ਫਾ ਤਿੰਨ ਦੀਆਂ ਬਾਕੀਆਂ

ਅਗਲੀ ਮਰਦਮਸ਼ੁਮਾਰੀ ਹੋਵੇਗੀ ਜਾਤੀ ਆਧਾਰਤ

ਕੀਤਾ ਹੈ ਅਤੇ ਪਾਰਟੀ ਨੇ ਇਸ ਮੁੱਦੇ ਨੂੰ ਸਿਆਸੀ ਔਜ਼ਾਰ ਵਜੋਂ ਵਰਤਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੇ ਤੱਥਾਂ ਨੂੰ ਧਿਆਨ 'ਚ ਰੱਖਦਿਆਂ ਅਤੇ ਇਹ ਯਕੀਨੀ ਬਣਾਉਣ ਲਈ ਕਿ ਰਾਜਨੀਤੀ ਨਾਲ ਸਮਾਜਕ ਤਾਣਾ-ਬਾਣਾ ਖਰਾਬ ਨਾ ਹੋਵੇ, ਜਾਤੀ ਗਣਨਾ ਨੂੰ ਸਰਵੇਖਣਾਂ ਦੀ ਬਜਾਏ ਮਰਦਮਸ਼ੁਮਾਰੀ 'ਚ ਪਾਰਦਰਸ਼ੀ ਢੰਗ ਨਾਲ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਮੰਤਰੀ ਨੇ ਦੋਸ਼ ਲਾਇਆ ਕਿ ਵਿਰੋਧੀ ਪਾਰਟੀਆਂ ਦੇ ਸ਼ਾਸਨ ਵਾਲੇ ਸੂਬਿਆਂ ਨੇ ਸਿਆਸੀ ਕਾਰਨਾਂ ਕਰ ਕੇ ਜਾਤੀ ਸਰਵੇਖਣ ਕੀਤੇ ਹਨ ਅਤੇ ਜ਼ੋਰ ਦੇ ਕੇ ਕਿਹਾ ਕਿ ਮੋਦੀ ਸਰਕਾਰ ਨੇ ਆਗਾਮੀ ਮਰਦਮਸ਼ੁਮਾਰੀ ਅਭਿਆਸ 'ਚ ਜਾਤ ਗਿਣਤੀ ਨੂੰ ਪਾਰਦਰਸ਼ੀ ਢੰਗ ਨਾਲ ਸ਼ਾਮਲ ਕਰਨ ਦਾ ਸੰਕਲਪ ਲਿਆ ਹੈ। ਪਿਛਲੀ ਰਾਸ਼ਟਰਵਿਆਪੀ ਮਰਦਮਸ਼ੁਮਾਰੀ 2011 'ਚ ਪੂਰੀ ਹੋਈ ਸੀ ਅਤੇ ਅਗਲੀ ਦਹਾਕੇ ਦੀ ਮਰਦਮਸ਼ੁਮਾਰੀ ਅਪ੍ਰੈਲ 2020 'ਚ ਸ਼ੁਰੂ ਹੋਣੀ ਸੀ ਪਰ ਕੋਵਿਡ ਮਹਾਂਮਾਰੀ ਕਾਰਨ ਦੇਰੀ ਹੋ ਗਈ। ਸ਼ਾਹ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੀ ਅਗਵਾਈ 'ਚ ਅੱਜ ਹੋਈ ਸੀ.ਸੀ.ਪੀ.ਏ. ਦੀ ਬੈਠਕ 'ਚ ਜਾਤੀ ਮਰਦਮਸ਼ੁਮਾਰੀ ਨੂੰ ਆਉਣ ਵਾਲੀ ਮਰਦਮਸ਼ੁਮਾਰੀ 'ਚ ਸ਼ਾਮਲ ਕਰਨ ਦਾ ਫੈਸਲਾ ਕਰ ਕੇ ਸਮਾਜਕ ਸਮਾਨਤਾ ਅਤੇ ਹਰ ਵਰਗ ਦੇ ਅਧਿਕਾਰਾਂ ਪ੍ਰਤੀ ਮਜ਼ਬੂਤ ਵਚਨਬੱਧਤਾ ਦਾ ਸੰਦੇਸ਼ ਦਿਤਾ ਗਿਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਅਤੇ ਉਸ ਦੇ ਸਹਿਯੋਗੀਆਂ ਨੇ ਸੱਤਾ 'ਚ ਰਹਿੰਦੇ ਹੋਏ ਦਹਾਕਿਆਂ ਤਕ ਜਾਤੀ ਗਣਨਾ ਦਾ ਵਿਰੋਧ ਕੀਤਾ ਅਤੇ ਵਿਰੋਧੀ ਧਿਰ 'ਚ ਰਹਿੰਦੇ ਹੋਏ ਇਸ 'ਤੇ ਰਾਜਨੀਤੀ ਕੀਤੀ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸਾਰੇ ਆਰਥਕ ਅਤੇ ਸਮਾਜਕ ਤੌਰ 'ਤੇ ਪੱਛੜੇ ਵਰਗਾਂ ਨੂੰ ਸ਼ਕਤੀ ਪ੍ਰਦਾਨ ਕਰੇਗਾ, ਸ਼ਮੂਲੀਅਤ ਨੂੰ ਉਤਸ਼ਾਹਤ ਕਰੇਗਾ ਅਤੇ ਵਾਂਝੇ ਲੋਕਾਂ ਦੀ ਤਰੱਕੀ ਲਈ ਨਵੇਂ ਰਾਹ ਪੱਧਰਾ ਕਰੇਗਾ।

(ਪੀਟੀਆਈ)

ਜਾਤੀ ਗਿਣਤੀ ਦੇ ਐਲਾਨ ਨੂੰ ਵਿਰੋਧੀ ਪਾਰਟੀਆਂ ਨੇ ਅਪਣੀ ਜਿੱਤ ਦਸਿਆ

ਕਿਹਾ, "ਜਿਨ੍ਹਾਂ ਲੋਕਾਂ ਨੇ ਜਾਤ ਆਧਾਰਤ ਮਰਦਮਸ਼ੁਮਾਰੀ ਦੀ ਮੰਗ ਕਰਨ ਲਈ ਸਾਨੂੰ ਜਾਤੀਵਾਦੀ ਕਿਹਾ ਸੀ, ਉਨ੍ਹਾਂ ਨੂੰ ਢੁਕਵਾਂ ਜਵਾਬ ਮਿਲਿਆ ਹੈ। ਅਜੇ ਵੀ ਬਹੁਤ ਕੁੱਝ ਕਰਨਾ ਬਾਕੀ ਹੈ। ਅਸੀਂ ਇਨ੍ਹਾਂ ਸੰਘੀਆਂ ਨੂੰ ਅਪਣੇ ਏਜੰਡੇ 'ਤੇ ਨਚਾਉਂਦੇ ਰਹਾਂਗੇ।" ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਮਾਜਕ ਨਿਆਂ ਦੀ ਇਸ ਨੀਤੀ ਨੂੰ ਲਾਗੂ ਕਰਨ ਤੋਂ ਭੱਜ ਰਹੇ ਹਨ ਅਤੇ ਵਿਰੋਧੀ ਧਿਰ 'ਤੇ ਸਮਾਜ ਨੂੰ ਵੰਡਣ ਦਾ ਝੂਠਾ ਦੋਸ਼ ਲਗਾ ਰਹੇ ਹਨ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਪੂਰੀ ਪਾਰਦਰਸ਼ਤਾ ਨਾਲ ਜਾਤ ਮਰਦਮਸ਼ੁਮਾਰੀ ਸ਼ੁਰੂ ਕਰਨ ਲਈ ਫੰਡ ਅਲਾਟ ਕਰੇ।

(ਪੀਟੀਆਈ)

ਕੰਟਰੋਲ ਰੇਖਾ ਤੇ ਕੌਮਾਂਤਰੀ ਸਰਹੱਦ 'ਤੇ ਪਾਕਿ ਫ਼ੌਜਾਂ ਨੇ ਫਿਰ ਕੀਤੀ ਗੋਲੀਬਾਰੀ

ਗੋਲੀਬਾਰੀ ਦੀਆਂ ਘਟਨਾਵਾਂ ਵਾਪਰੀਆਂ, ਜਿਸ ਤੋਂ ਬਾਅਦ ਜੰਮੂ ਦੇ ਪਰਗਲ ਸੈਕਟਰ 'ਚ ਕੌਮਾਂਤਰੀ ਸਰਹੱਦ 'ਤੇ ਗੋਲੀਬਾਰੀ ਹੋਈ। ਭਾਰਤ ਦੀ ਪਾਕਿਸਤਾਨ ਨਾਲ 3,323 ਕਿਲੋਮੀਟਰ ਲੰਬੀ ਸਰਹੱਦ ਹੈ, ਜਿਸ 'ਚ ਗੁਜਰਾਤ ਤੋਂ ਜੰਮੂ ਦੇ ਅਖਨੂਰ ਤਕ ਲਗਭਗ 2,400 ਕਿਲੋਮੀਟਰ ਲੰਬੀ ਕੌਮਾਂਤਰੀ ਸਰਹੱਦ (ਆਈ.ਬੀ.), ਜੰਮੂ ਤੋਂ ਲੇਹ ਤਕ 740 ਕਿਲੋਮੀਟਰ ਲੰਬੀ ਕੰਟਰੋਲ ਰੇਖਾ (ਐਲ.ਓ.ਸੀ.) ਅਤੇ ਸਿਆਚਿਨ ਸੈਕਟਰ 'ਚ 110 ਕਿਲੋਮੀਟਰ ਲੰਬੀ ਅਸਲ ਜ਼ਮੀਨੀ ਸਥਿਤੀ ਲਾਈਨ ਸ਼ਾਮਲ ਹੈ। (ਏਜੰਸੀ)

ਭਗਵੰਤ ਮਾਨ ਨੇ ਹਰਿਆਣਾ ਦੇ ਮੁੱਖ ਮੰਤਰੀ ਦੇ ਦਾਅਵੇ ਨੂੰ ਝੂਠ ਦਾ ਪੁਲੰਦਾ ਦਸਿਆ

ਦੇ ਦਾਅਵੇ ਨੂੰ ਹੀ ਝੂਠ ਕਰਾਰ ਦਿੰਦਿਆਂ ਉਨ੍ਹਾਂ ਨੂੰ ਜਵਾਬੀ ਚਿੱਠੀ ਲਿਖ ਦਿਤੀ ਹੈ। ਹਰਿਆਣਾ ਨੇ ਇਹ ਮਾਮਲਾ ਕੇਂਦਰ ਸਰਕਾਰ ਕੋਲ ਉਠਾਇਆ ਸੀ ਅਤੇ ਹੁਣ ਕੇਂਦਰੀ ਬਿਜਲੀ ਮੰਤਰੀ ਮਨੋਹਰ ਲਾਲ ਖੱਟਰ ਨੇ ਵੀ ਹਰਿਆਣਾ ਦਾ ਪੱਖ ਲੈਂਦਿਆਂ ਭਾਖੜਾ ਬੋਰਡ ਉਪਰ ਕੇਂਦਰ ਦਾ ਅਧਿਕਾਰ ਹੋਣ ਦੀ ਗੱਲ ਕਰਦਿਆਂ ਕਿਹਾ ਕਿ ਫ਼ੈਸਲਾ ਲੈਣ ਦਾ ਅਧਿਕਾਰ ਵੀ ਕੇਂਦਰ ਕੋਲ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮੁੜ ਸਪੱਸ਼ਟ ਕੀਤਾ ਕਿ ਪੰਜਾਬ ਕੋਲ ਕਿਸੇ ਵੀ ਹੋਰ ਸੂਬੇ ਨੂੰ ਦੇਣ ਲਈ ਇਕ ਵੀ ਬੂੰਦ ਵਾਧੂ ਪਾਣੀ ਨਹੀਂ ਹੈ। ਹਰਿਆਣਾ ਵਿਚ ਅਪਣੇ ਹਮਰੁਤਬਾ ਨੂੰ ਲਿਖੇ ਜਵਾਬੀ ਪੱਤਰ ਵਿਚ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਸਿਰਫ਼ ਮੀਡੀਆ ਰਾਹੀਂ ਨਾਇਬ ਸਿੰਘ ਸੈਣੀ ਦਾ ਪੱਤਰ ਪ੍ਰਾਪਤ ਕੀਤਾ ਹੈ ਅਤੇ ਇਹ ਬਹੁਤ ਮੰਦਭਾਗੀ ਗੱਲ ਹੈ ਕਿ ਤੁਸੀਂ ਸੰਵਿਧਾਨਕ ਅਹੁਦੇ ਉਤੇ ਬੈਠ ਕੇ ਲੋਕਾਂ ਨੂੰ ਗੁਮਰਾਹ ਕਰ ਰਹੇ ਹੋ ਕਿ ਉਨ੍ਹਾਂ (ਪੰਜਾਬ ਦੇ ਮੁੱਖ ਮੰਤਰੀ) ਨੇ ਹਰਿਆਣਾ ਨੂੰ ਪਾਣੀ ਦੇਣ ਦਾ ਭਰੋਸਾ ਦਿਤਾ ਹੈ। ਉਨ੍ਹਾਂ ਕਿਹਾ ਕਿ ਇਹ ਦਾਅਵਾ ਸਿਰਫ਼ ਝੂਠ ਦਾ ਪੁਲੰਦਾ ਹੈ ਅਤੇ ਸੰਵਿਧਾਨਕ ਅਹੁਦੇ ਦੀ ਜ਼ਿੰਮੇਵਾਰੀ ਨਿਭਾਅ ਰਹੇ ਵਿਅਕਤੀ ਨੂੰ ਅਜਿਹਾ ਕਹਿਣਾ ਸ਼ੋਭਾ ਨਹੀਂ ਦਿੰਦਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਫ਼ੋਨ ਕੀਤਾ ਸੀ ਪਰ ਉਨ੍ਹਾਂ ਨੇ ਸੈਣੀ ਨੂੰ ਕਦੇ ਵੀ ਪਾਣੀ ਦੇਣ ਦਾ ਭਰੋਸਾ ਨਹੀਂ ਦਿਤਾ। ਮੁੱਖ ਮੰਤਰੀ ਨੇ ਕਿਹਾ ਕਿ ਉਹ ਅਜਿਹਾ ਵਾਅਦਾ ਤਾਂ ਹੀ ਕਰ ਸਕਦੇ, ਜੇਕਰ ਪੰਜਾਬ ਕੋਲ ਇਕ ਵੀ ਬੂੰਦ ਕਿਸੇ ਹੋਰ ਸੂਬੇ ਨਾਲ ਸਾਂਝੀ ਕਰਨ ਲਈ ਹੁੰਦੀ। ਮੁੱਖ ਮੰਤਰੀ ਨੇ ਭਾਖੜਾ ਬਿਆਸ ਪ੍ਰਬੰਧਕੀ ਬੋਰਡ (ਬੀ.ਬੀ.ਐਮ.ਬੀ.) ਹਰੇਕ ਸਾਲ ਪੰਜਾਬ, ਹਰਿਆਣਾ ਤੇ ਰਾਜਸਥਾਨ ਦਰਮਿਆਨ ਪਾਣੀ ਦੀ ਵੰਡ ਕਰਦਾ ਹੈ ਜੋ ਮੌਜੂਦਾ 21 ਮਈ ਤੋਂ ਅਗਲੇ ਸਾਲ ਦੀ 20 ਤਕ ਲਾਗੂ ਰਹਿੰਦਾ ਹੈ। ਉਨ੍ਹਾਂ ਦਸਿਆ ਕਿ ਬੀ.ਬੀ.ਐਮ.ਬੀ. ਨੇ ਰਾਜਸਥਾਨ, ਹਰਿਆਣਾ ਅਤੇ ਪੰਜਾਬ ਨੂੰ ਕ੍ਰਮਵਾਰ 3.318 ਐਮ.ਏ.ਐਫ., 2.987 ਐਮ.ਏ.ਐਫ. ਅਤੇ 5.512 ਐਮ.ਏ.ਐਫ. ਪਾਣੀ ਦੀ ਵੰਡ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਰਿਆਣਾ ਵਿਚ ਭਾਜਪਾ ਸਰਕਾਰ ਇਸ ਸਾਲ 31 ਮਾਰਚ ਤਕ ਅਪਣੇ ਹਿੱਸੇ ਦਾ ਪਾਣੀ ਵਰਤ ਚੁੱਕੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਤੋਂ ਬਾਅਦ ਹਰਿਆਣਾ ਸਰਕਾਰ ਨੇ ਪੰਜਾਬ ਨੂੰ ਅਪੀਲ ਕੀਤੀ ਸੀ ਕਿ ਉਸ ਕੋਲ ਲੋਕਾਂ ਲਈ ਪੀਣ ਵਾਲਾ ਪਾਣੀ ਵੀ ਨਹੀਂ ਹੈ। ਉਨ੍ਹਾਂ ਕਿਹਾ ਕਿ ਮਾਨਵਤਾ ਦੇ ਆਧਾਰ 'ਤੇ ਪੰਜਾਬ ਸਰਕਾਰ ਨੇ ਫ਼ਰਾਖਦਿਲੀ ਦਿਖਾਉਂਦਿਆਂ 6 ਮਾਰਚ, 2025 ਤੋਂ ਹਰਿਆਣਾ ਨੂੰ ਰੋਜ਼ਾਨਾ 4000 ਕਿਊਸਿਕ ਪਾਣੀ ਦੇਣਾ ਸ਼ੁਰੂ ਕਰ ਦਿਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਵੇਂ ਹਰਿਆਣਾ ਦੀ ਆਬਾਦੀ ਤਿੰਨ ਕਰੋੜ ਹੈ ਜਿਸ ਮੁਤਾਬਕ ਇਸ ਸੂਬੇ ਦੇ ਲੋਕਾਂ ਦੀਆਂ ਪਾਣੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ 1700 ਕਿਊਸਿਕ ਕਾਫ਼ੀ ਹੈ। ਮੁੱਖ ਮੰਤਰੀ ਨੇ ਇਸ ਤੱਥ ਦਾ ਵੀ ਜ਼ਿਕਰ ਕੀਤਾ ਕਿ ਪੰਜਾਬ ਖੇਤਾਂ ਦੀ ਸਿੰਚਾਈ ਲਈ ਪਹਿਲਾਂ ਹੀ ਪਾਣੀ ਦੀ ਕਮੀ ਨਾਲ ਜੂਝ ਰਿਹਾ ਹੈ ਕਿਉਂਕਿ ਧਰਤੀ ਹੇਠਲੇ ਪਾਣੀ ਦਾ ਪੱਧਰ ਡਿੱਗ ਰਿਹਾ ਹੈ। ਉਨ੍ਹਾਂ ਕਿਹਾ ਕਿ ਡੈਮਾਂ ਵਿਚ ਪਾਣੀ ਦਾ ਪੱਧਰ ਚਿੰਤਾਜਨਕ ਸਥਿਤੀ ਵਿਚ ਹੇਠਾਂ ਆਇਆ ਹੈ। ਇਸ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੌਂਗ ਡੈਮ, ਭਾਖੜਾ ਡੈਮ ਅਤੇ ਰਣਜੀਤ ਸਾਗਰ ਡੈਮ ਵਿਚ ਪਾਣੀ ਦਾ ਪੱਧਰ ਬੀਤੇ ਸਾਲ ਦੇ ਮੁਕਾਬਲੇ ਕ੍ਰਮਵਾਰ 32 ਫੁਟ, 12 ਫੁਟ ਅਤੇ 14 ਫੁਟ ਹੇਠਾਂ ਆ ਚੁੱਕਾ ਹੈ। ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਪੰਜਾਬ ਦੇ ਪਾਣੀਆਂ ਤੇ ਡਾਕਾ ਨਹੀਂ ਮਾਰਨ ਦਿਤਾ ਜਾਵੇਗਾ।

ਪੰਜਾਬ ਰਾਜ ਧਰਮ ਨਹੀਂ ਨਿਭਾ ਰਿਹਾ, ਪਾਣੀਆਂ ਦੀ ਵੰਡ ਦਾ ਅਧਿਕਾਰ ਕੇਂਦਰ ਕੋਲ: ਖੱਟਰ

'ਤੇ ਕੋਈ ਦਬਾਅ ਪਾਇਆ ਜਾ ਰਿਹਾ ਹੈ ਅਤੇ ਨਾ ਹੀ ਪੰਜਾਬ ਸਰਕਾਰ ਕੋਈ ਦਬਾਅ ਬੋਰਡ 'ਤੇ ਪਾ ਸਕਦੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਨੂੰ ਵਾਧੂ ਪਾਣੀ ਦੇਣ ਦਾ ਫ਼ੈਸਲਾ ਕਰਨ ਦਾ ਕੰਮ ਬੀਬੀਐਮਬੀ ਦਾ ਹੈ ਅਤੇ ਬੀਬੀਐਮਬੀ ਦੀ ਮੀਟਿੰਗ ਵਿਚ ਹਰਿਆਣਾ ਨੂੰ 8500 ਕਿਊਸਿਕ ਪਾਣੀ ਦੇਣ ਦਾ ਫ਼ੈਸਲਾ ਹੋਇਆ ਸੀ। ਖੱਟਰ ਨੇ ਇਹ ਵੀ ਕਿਹਾ ਕਿ ਕੇਂਦਰ ਸਰਕਾਰ ਕੋਲ ਅਧਿਕਾਰ ਹੈ ਜਿਸ ਤਹਿਤ ਉਹ ਪਾਣੀ ਦੀ ਵੰਡ ਕਰ ਸਕਦੀ ਹੈ। ਖੱਟਰ ਨੇ ਇਹ ਭਰੋਸਾ ਵੀ ਦਿਤਾ ਕਿ ਹੁਣ ਸਿੰਧ ਜਲ ਸੰਧੀ ਖ਼ਤਮ ਹੋ ਗਈ ਹੈ ਅਤੇ ਇਨ੍ਹਾਂ ਦਰਿਆਵਾਂ ਦਾ ਪਾਣੀ ਵੀ ਹੁਣ ਉਤਰੀ ਸੂਬਿਆਂ ਵਿਚ ਹੀ ਵਰਤਿਆ ਜਾਵੇਗਾ।

ਬੇਅਦਬੀ ਕਾਰਨ ਜਾਨੋਂ ਮਾਰਨ ਦੀ ਮਨਸ਼ਾ ਨਾਲ ਨਰਾਇਣ ਸਿੰਘ ਚੌੜਾ ਨੇ ਚਲਾਈ ਸੀ ਸੁਖਬੀਰ ਬਾਦਲ 'ਤੇ ਗੋਲੀ

ਕਿ ਘਟਨਾ ਵੇਲੇ ਸੁਖਬੀਰ ਸਿੰਘ ਬਾਦਲ ਦੇ ਬਿਆਨ ਦਰਜ ਨਹੀਂ ਕੀਤੇ ਜਾ ਸਕੇ ਹਨ ਤੇ ਐਸਐਚਓ ਬਿਆਨ ਦਰਜ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਕਿਹਾ ਕਿ ਸੀਸੀਟੀਵੀ ਫੁਟੇਜ, ਹਥਿਆਰ ਤੇ ਹੋਰ ਨਮੂਨੇ ਹਾਸਲ ਕੀਤੇ ਜਾ ਚੁੱਕੇ ਹਨ ਤੇ ਛੇਤੀ ਹੀ ਜਾਂਚ ਮੁਕੰਮਲ ਹੋ ਜਾਵੇਗੀ ਤੇ ਪੁਲਿਸ ਅਪਣਾ ਕੰਮ ਪੂਰੀ ਤਰ੍ਹਾਂ ਕਰ ਰਹੀ ਹੈ। ਹਾਈਕੋਰਟ ਨੇ ਸੁਣਵਾਈ ਅੱਗੇ ਪਾ ਦਿਤੀ ਹੈ।

ਸ.ਫਾ ਅੱਠ ਦੀਆਂ ਬਾਕੀਆਂ

ਖ਼ੱਬਰ ਖ਼ਾਲਸਾ ਇੰਟਰਨੈਸ਼ਨਲ ਗਰੋਹ ਦੇ ਪੰਜ ਮੈਂਬਰ ਗ੍ਰਨੇਡ ਤੇ ਪਿਸਤੌਲ ਸਮੇਤ ਕਾਬੂ

ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਹੋਰ ਵੇਰਵੇ ਸਾਂਝੇ ਕਰਦਿਆਂ, ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਫਾਲੋ-ਅੱਪ ਰਿਕਵਰੀ ਆਪ੍ਰੇਸ਼ਨ ਦੌਰਾਨ, ਦੋਸ਼ੀ ਅਜੈ ਕੁਮਾਰ ਨੇ ਪੁਲਿਸ ਟੀਮ ਕੋਲੋਂ ਸਰਵਿਸ ਹਥਿਆਰ ਖੋਹ ਕੇ ਅਤੇ ਗੋਲੀਬਾਰੀ ਕਰ ਕੇ ਭੱਜਣ ਦੀ ਕੋਸ਼ਿਸ਼ ਕੀਤੀ। ਜਵਾਬੀ ਗੋਲੀਬਾਰੀ ਦੌਰਾਨ ਦੋਸ਼ੀ ਲੱਤ ਵਿਚ ਗੋਲੀ ਲੱਗਣ ਕਾਰਨ ਜ਼ਖ਼ਮੀ ਹੋ ਗਿਆ।

ਅਕਾਲੀ ਦਲ ਵਿਧਾਇਕ ਡਾ. ਸੁੱਖੀ 'ਤੇ ਲਟਕੀ ਅਯੋਗਤਾ ਦੀ ਤਲਵਾਰ

ਬਤੌਰ ਅਯੋਗ ਵਿਧਾਇਕ ਕਰਾਰ ਦੇਣ ਦੀ ਮੰਗ ਕੀਤੀ ਹੈ। ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਸੰਧਵਾਂ ਨੇ ਪਹਿਲਾਂ ਡਾ. ਸੁੱਖੀ ਨੂੰ 11 ਮਾਰਚ ਨੂੰ ਪੇਸ਼ ਹੋਣ ਲਈ ਬੁਲਾਇਆ ਸੀ ਪਰ ਉਸ ਦਿਨ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੇ ਸਾਰੇ ਮੰਤਰੀਆਂ ਸਮੇਤ ਸਪੀਕਰ, ਡਿਪਟੀ ਸਪੀਕਰ ਅਤੇ 'ਆਪ' ਦੇ ਵਿਧਾਇਕਾਂ ਨੂੰ ਦਿੱਲੀ ਬੁਲਾ ਲਿਆ ਸੀ, 11 ਮਾਰਚ ਨੂੰ ਕੋਈ ਸੁਣਵਾਈ ਨਹੀਂ ਹੋਈ। ਹੁਣ ਲਗਭਗ 3 ਮਹੀਨੇ ਦੇ ਵਕਫ਼ੇ ਮਗਰੋਂ 27 ਮਈ ਨੂੰ ਸੁਣਵਾਈ ਰੱਖੀ ਹੈ। ਦਸਣਾ ਬਣਦਾ ਹੈ ਕਿ ਬੈਗਾ ਰਿਜ਼ਰਵ ਸੀਟ ਤੋਂ ਇਹ ਅਕਾਲੀ ਵਿਧਾਇਕ, ਪਿਛਲੇ ਸਾਲ 'ਆਪ' ਪਾਰਟੀ ਵਿਚ ਸ਼ਮੂਲੀਅਤ ਮਗਰੋਂ ਵੀ ਸਤੰਬਰ 2024 ਵਿਧਾਨ ਸਭਾ ਇਜਲਾਸ ਮਾਰਚ 2025 ਬਜਟ ਸੈਸ਼ਨ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਵਿਧਾਇਕਾਂ ਦੇ ਗਰੁਪ ਨਾਲ ਹੀ ਬੈਠੇ ਸਨ।

ਹਿਰਾਸਤ ਦੇ ਮਾਮਲੇ 'ਚ ਨਾਬਾਲਗ ਦੀ ਭਲਾਈ ਤੇ ਹਿਤ ਸੱਭ ਤੋਂ ਪਹਿਲਾਂ ਹਨ : ਹਾਈ ਕੋਰਟ

ਕਾਨੂੰਨੀ ਮਾਨਤਾ 'ਤੇ ਅਧਾਰਤ ਅਪਣਾ ਫ਼ੈਸਲਾ ਦਿਤਾ ਅਤੇ ਅਗਵਾ ਦੇ ਦੋਸ਼ਾਂ ਨੂੰ ਰੱਦ ਕਰ ਦਿਤਾ। ਜਸਟਿਸ ਬਰਾੜ ਨੇ ਸਪੱਸ਼ਟ ਕੀਤਾ ਕਿ ਮਾਂ ਦੀਆਂ ਕਾਰਵਾਈਆਂ ਜ਼ੀਰ-ਕਾਨੂੰਨੀ ਹਿਰਾਸਤ ਦੇ ਬਰਾਬਰ ਨਹੀਂ ਹਨ। ਜਸਟਿਸ ਬਰਾੜ ਨੇ ਕਿਹਾ "ਹਿਰਾਸਤ ਦੇ ਮਾਮਲੇ 'ਚ ਨਾਬਾਲਗ਼ ਦੀ ਭਲਾਈ ਅਤੇ ਹਿਤ ਸਰਵਉੱਚ ਹਨ।"

ਅਜਿਹੇ ਸਮੇਂ ਭਗਵੰਤ ਮਾਨ ਦਾ ਪਾਣੀਆਂ ਬਾਰੇ ਬਿਆਨ ਵੰਡੀਆ ਪਾਉਣ ਵਾਲਾ : ਰਵਨੀਤ ਬਿੱਟੂ

ਲੋੜੀਂਦਾ ਸਾਰਾ ਪਾਣੀ ਮਿਲ ਚੁੱਕਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਖੁਦ ਪਾਣੀ ਦੀ ਘਾਟ ਦਾ ਸਾਹਮਣਾ ਕਰ ਰਿਹਾ ਹੈ,ਣ ਅਸੀਂ ਹਰਿਆਣਾ ਨੂੰ ਪਾਣੀ ਕਿੱਥੋਂ ਦੇਵਾਂਗੇ। ਫਿਰ ਵੀ, ਜੇਕਰ ਤੁਹਾਨੂੰ ਹਰਿਆਣਾ ਦੇ ਲੋਕਾਂ ਦੀ ਇੰਨੀ ਚਿੰਤਾ ਹੈ ਤਾਂ ਉਨ੍ਹਾਂ ਨੂੰ ਸਿੰਚਾਈ ਦੀ ਬਜਾਏ ਪੀਣ ਵਾਲਾ ਪਾਣੀ ਦੇ ਦਿਓ। ਜੇਕਰ ਤੁਸੀਂ ਇਸ ਤੋਂ ਵੱਧ ਪਾਣੀ ਦੇਣਾ ਚਾਹੁੰਦੇ ਹੋ ਤਾਂ ਪਾਕਿਸਤਾਨ ਦਾ ਪਾਣੀ ਜੋ ਰੋਕਿਆ ਗਿਆ ਹੈ। ਪ੍ਰਧਾਨ ਮੰਤਰੀ ਮੋਦੀ ਨੂੰ ਕਹਿ ਕੇ ਉਸ ਨੂੰ ਹਰਿਆਣਾ ਨੂੰ ਦੇ ਦਿਓ। ਕੰਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਵਾਲ ਕਰਨ ਦੀ ਬਜਾਏ, ਬਿੱਟੂ ਨੂੰ ਆਪਣੀ ਕੇਂਦਰੀ ਲੀਡਰਸ਼ਿਪ ਅਤੇ ਪ੍ਰਧਾਨ ਮੰਤਰੀ ਮੋਦੀ ਨੂੰ ਸਵਾਲ ਕਰਨਾ ਚਾਹੀਦਾ ਹੈ ਕਿ ਕੇਂਦਰ ਸਰਕਾਰ ਬੀਬੀਐਮਬੀ ਦੀ ਨੁਮਾਇੰਦਗੀ ਵਿੱਚ ਪੰਜਾਬ ਦੇ ਅਧਿਕਾਰਾਂ ਨੂੰ ਕਮਜ਼ੋਰ ਕਰਨ ਦੀ ਲਗਾਤਾਰ ਸਾਜ਼ਿਸ਼ ਕਿਉਂ ਰਚ ਰਹੀ ਹੈ?

ਨਵਜੋਤ ਸਿੰਘ ਸਿੱਧੂ ਨੇ ਅਪਣਾ ਯੂਟਿਊਬ ਚੈਨਲ ਕੀਤਾ ਸ਼ੁਰੂ

ਸਿੱਧੂ ਨੇ ਅੱਗੇ ਕਿਹਾ ਕਿ ਸਾਰਾ ਸੰਸਾਰ ਮੇਰਾ ਪਰਵਾਰ ਹੈ, ਸਾਰੀ ਮਨੁੱਖਤਾ ਮੇਰੀ ਭੈਣ-ਭਰਾ ਹੈ, ਖ਼ੁਸ਼ੀਆਂ ਫੈਲਾਉਣਾ ਅਤੇ ਭਲਾ ਕਰਨਾ ਮੇਰਾ ਧਰਮ ਹੈ। ਮੇਰੀ ਜ਼ਿੰਦਗੀ ਦੇ ਪਹਿਲੂ ਹਨ, ਇਕ ਸਤਰੰਗੀ ਪੀਂਘ ਹੈ, ਮੈਂ ਇਸਨੂੰ ਅਪਣੇ ਯੂਟਿਊਬ ਚੈਨਲ ਨਵਜੋਤ ਸਿੰਘ ਆਫ਼ੀਸ਼ੀਅਲ 'ਤੇ ਸਾਂਝਾ ਕਰਾਂਗਾ। ਉਨ੍ਹਾਂ ਅੱਗੇ ਕਿਹਾ ਕਿ ਇਹ ਅਜਿਹੀ ਜਗ੍ਹਾ ਹੋਵੇਗੀ, ਜਿਸ 'ਚ ਮੈਂ ਰਾਜਨੀਤੀ ਤੋਂ ਪ੍ਰੇਰਿਤ ਕੁੱਝ ਨਹੀਂ ਕਰਾਂਗਾ, ਇਸ 'ਤੇ